ਰਿਧਿ ਸਿਧਿ ਜਾ ਕਉ ਫੁਰੀ ਤਬ ਕਾਹੂ ਸਿਉ ਕਿਆ ਕਾਜ ॥ ਤੇਰੇ ਕਹਨੇ ਕੀ ਗਤਿ ਕਿਆ ਕਹਉ ਮੈ ਬੋਲਤ ਹੀ ਬਡ ਲਾਜ ॥੧॥ ਰਾਮੁ ਜਿਹ ਪਾਇਆ ਰਾਮ ॥ ਤੇ ਭਵਹਿ ਨ ਬਾਰੈ ਬਾਰ ॥ ੧॥ ਰਹਾਉ ॥ ਝੂਠਾ ਜਗੁ ਡਹਕੈ ਘਨਾ ਦਿਨ ਦੁਇ ਬਰਤਨ ਕੀ ਆਸ ॥ ਰਾਮ ਉਦਕੁ ਜਿਹ ਜਨ ਪੀਆ ਤਿਹਿ ਬਹੁਰਿ ਨ ਭਈ ਪਿਆਸ ॥੨॥ ਗੁਰ ਪ੍ਰਸਾਦਿ ਜਿਹ ਬੂਝਿਆ ਆਸਾ ਤੇ ਭਇਆ ਨਿਰਾਸੁ ॥ ਸਭੁ ਸਚੁ ਨਦਰੀ ਆਇਆ ਜਉ ਆਤਮ ਭਇਆ ਉਦਾਸੁ ॥੩॥ ਰਾਮ ਨਾਮ ਰਸੁ ਚਾਖਿਆ ਹਰਿ ਨਾਮਾ ਹਰ ਤਾਰਿ ॥ ਕਹੁ ਕਬੀਰ ਕੰਚਨੁ ਭਇਆ ਭ੍ਰਮੁ ਗਇਆ ਸਮੁਦ੍ਰੈ ਪਾਰਿ ॥੪॥੩॥ {ਪੰਨਾ 1103}

ਪਦਅਰਥ:- ਜਾ ਕਉ—ਜਿਸ ਮਨੁੱਖ ਨੂੰ। ਰਿਧਿ ਸਿਧਿ ਫੁਰੀ—ਰਿੱਧੀਆਂ ਸਿੱਧੀਆਂ ਫੁਰ ਪੈਂਦੀਆਂ ਹਨ, ਫੁਰਨਾ ਉੱਠਣ ਤੇ ਹੀ ਰਿੱਧੀਆਂ ਸਿੱਧੀਆਂ ਹੋ ਪੈਂਦੀਆਂ ਹਨ। ਕਾਹੂ ਸਿਉ—ਕਿਸੇ ਹੋਰ ਨਾਲ। ਕਾਜ—ਕੰਮ, ਮੁਥਾਜੀ। ਕਹਨੇ ਕੀ—(ਨਿਰੀਆਂ ਮੂੰਹੋਂ ਆਖੀਆਂ) ਗੱਲਾਂ ਦੀ। ਕਿਆ ਕਹਉ—ਮੈਂ ਕੀਹ ਆਖਾਂ? ਲਾਜ—ਸ਼ਰਮ।1।

ਜਿਹ—ਜਿਨ੍ਹਾਂ ਮਨੁੱਖਾਂ ਨੇ। ਤੇ—ਉਹ ਬੰਦੇ। ਬਾਰੈ ਬਾਰ—ਦਰ ਦਰ ਤੇ।1। ਰਹਾਉ।

ਡਹਕੈ—ਭਟਕਦਾ ਹੈ। ਘਨਾ—ਬਹੁਤ। ਦਿਨ ਦੁਇ—ਦੋ ਦਿਨਾਂ ਲਈ। ਉਦਕੁ—ਜਲ, ਅੰਮ੍ਰਿਤ। ਤਿਹਿ—ਉਹਨਾਂ ਨੂੰ। ਬਹੁਰਿ—ਮੁੜ।2।

ਜਿਹ—ਜਿਸ ਮਨੁੱਖ ਨੇ। ਨਿਰਾਸੁ—ਆਸਾ-ਰਹਿਤ। ਸਭੁ—ਹਰ ਥਾਂ। ਸਚੁ—ਸਦਾ ਕਾਇਮ ਰਹਿਣ ਵਾਲਾ ਪ੍ਰਭੂ। ਉਦਾਸੁ—ਉਪਰਾਮ।3।

ਹਰ ਤਾਰਿ—ਹਰ ਤਾਲਿ, ਹਰੇਕ ਤਾਲ ਵਿਚ, ਹਰੇਕ ਕੌਤਕ ਵਿਚ। ਕੰਚਨੁ—ਸੋਨਾ। ਭ੍ਰਮੁ—ਭੁਲੇਖਾ, ਭਟਕਣਾ।4।

ਅਰਥ:- (ਹੇ ਜੋਗੀ!) ਜਿਨ੍ਹਾਂ ਲੋਕਾਂ ਨੂੰ ਸਚ-ਮੁਚ ਪਰਮਾਤਮਾ ਮਿਲ ਪੈਂਦਾ ਹੈ, ਉਹ (ਭਿੱਛਿਆ ਮੰਗਣ ਲਈ) ਦਰ ਦਰ ਤੇ ਨਹੀਂ ਭਟਕਦੇ।1। ਰਹਾਉ।

(ਹੇ ਜੋਗੀ! ਤੂੰ ਆਖਦਾ ਹੈਂ 'ਮੈਨੂੰ ਰਿੱਧੀਆਂ ਸਿੱਧੀਆਂ ਫੁਰ ਪਈਆਂ ਹਨ', ਪਰ) ਤੇਰੇ ਨਿਰਾ (ਇਹ ਗੱਲ) ਆਖਣ ਦੀ ਹਾਲਤ ਮੈਂ ਕੀਹ ਦੱਸਾਂ? ਮੈਨੂੰ ਤਾਂ ਗੱਲ ਕਰਦਿਆਂ ਸ਼ਰਮ ਆਉਂਦੀ ਹੈ। (ਭਲਾ, ਹੇ ਜੋਗੀ!) ਜਿਸ ਮਨੁੱਖ ਦੇ ਨਿਰਾ ਫੁਰਨਾ ਉੱਠਣ ਤੇ ਹੀ ਰਿੱਧੀਆਂ ਸਿੱਧੀਆਂ ਹੋ ਪੈਣ, ਉਸ ਨੂੰ ਕਿਸੇ ਹੋਰ ਦੀ ਕੀਹ ਮੁਥਾਜੀ ਰਹਿੰਦੀ ਹੈ? (ਤੇ ਤੂੰ ਅਜੇ ਭੀ ਮੁਥਾਜ ਹੋ ਕੇ ਲੋਕਾਂ ਦੇ ਦਰ ਤੇ ਭਟਕਦਾ ਹੈਂ)।1।

ਦੋ ਚਾਰ ਦਿਨ (ਮਾਇਆ) ਵਰਤਣ ਦੀ ਆਸ ਤੇ ਹੀ ਇਹ ਝੂਠਾ ਜਗਤ ਕਿਤਨਾ ਹੀ ਭਟਕਦਾ ਫਿਰਦਾ ਹੈ। (ਹੇ ਜੋਗੀ!) ਜਿਨ੍ਹਾਂ ਬੰਦਿਆਂ ਨੇ ਪ੍ਰਭੂ ਦਾ ਨਾਮ-ਅੰਮ੍ਰਿਤ ਪੀਤਾ ਹੈ, ਉਹਨਾਂ ਨੂੰ ਮੁੜ ਮਾਇਆ ਦੀ ਤ੍ਰੇਹ ਨਹੀਂ ਲੱਗਦੀ।2।

ਗੁਰੂ ਦੀ ਕਿਰਪਾ ਨਾਲ ਜਿਸ ਨੇ (ਸਹੀ ਜੀਵਨ) ਸਮਝ ਲਿਆ ਹੈ, ਉਹ ਆਸਾਂ ਛੱਡ ਕੇ ਆਸਾਂ ਤੋਂ ਉਤਾਂਹ ਹੋ ਜਾਂਦਾ ਹੈ, ਕਿਉਂਕਿ ਜਦੋਂ ਮਨੁੱਖ ਅੰਦਰੋਂ ਮਾਇਆ ਤੋਂ ਉਪਰਾਮ ਹੋ ਜਾਏ ਤਾਂ ਉਸ ਨੂੰ ਹਰ ਥਾਂ ਪ੍ਰਭੂ ਦਿੱਸਦਾ ਹੈ (ਮਾਇਆ ਵਲ ਉਸ ਦੀ ਨਿਗਾਹ ਹੀ ਨਹੀਂ ਪੈਂਦੀ)।3।

ਹੇ ਕਬੀਰ! ਆਖ—ਜਿਸ ਮਨੁੱਖ ਨੇ ਪਰਮਾਤਮਾ ਦੇ ਨਾਮ ਦਾ ਸੁਆਦ ਚੱਖ ਲਿਆ ਹੈ, ਉਸ ਨੂੰ ਹਰੇਕ ਕੌਤਕ ਵਿਚ ਪ੍ਰਭੂ ਦਾ ਨਾਮ ਹੀ ਦਿੱਸਦਾ ਸੁਣੀਦਾ ਹੈ, ਉਹ ਸੁੱਧ ਸੋਨਾ ਬਣ ਜਾਂਦਾ ਹੈ, ਉਸ ਦੀ ਭਟਕਣਾ ਸਮੁੰਦਰੋਂ ਪਾਰ ਚਲੀ ਜਾਂਦੀ ਹੈ (ਸਦਾ ਲਈ ਮਿਟ ਜਾਂਦੀ ਹੈ)।4।3।

ਸ਼ਬਦ ਦਾ ਭਾਵ:- ਜਿਸ ਮਨੁੱਖ ਨੂੰ ਪਰਮਾਤਮਾ ਮਿਲ ਪੈਂਦਾ ਹੈ, ਉਹ ਮੰਗਤਿਆਂ ਵਾਂਗ ਦਰ ਦਰ ਤੇ ਭਟਕਦਾ ਨਹੀਂ ਫਿਰਦਾ। ਉਹ ਸੁੱਧ ਸੋਨਾ ਬਣ ਜਾਂਦਾ ਹੈ। ਉਸ ਨੂੰ ਹਰ ਥਾਂ ਪਰਮਾਤਮਾ ਹੀ ਦਿੱਸਦਾ ਹੈ। ਉਸ ਨੂੰ ਕਿਸੇ ਦੀ ਮੁਥਾਜੀ ਨਹੀਂ ਰਹਿੰਦੀ।